# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

**13:10**

**ਮਿਤੀ : 17-10-2026**

ਗ੍ਰਹਿ ਮੰਤਰਾਲੇ (ਐਮ.ਐਚ.ਏ.) ਨੇ ਪੰਜਾਬ ਸਰਕਾਰ ਨੂੰ, ਨਸ਼ੀਲੇ ਪਦਾਰਥਾਂ ਨਾਲ ਜੁੜੇ ਦੋਸ਼ਾਂ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਦੇ ਸੰਭਾਵੀ ਪ੍ਰਭਾਵਾਂ ਬਾਰੇ ਚਿੰਤਾਵਾਂ ਜ਼ਾਹਿਰ ਕਰਦਿਆਂ, ਪੱਤਰ ਲਿਖ ਕੇ ਦੋ ਕਤਲਾਂ ਅਤੇ ਇੱਕ ਵਿਅਕਤੀ ਦੀ ਖੁਦਕੁਸ਼ੀ ਬਾਰੇ ਵਰਵੇ ਸਹਿਤ ਰਿਪੋਰਟਾਂ ਮੰਗੀਆਂ ਨੇ. ਹਲਕਿਆਂ ਮੁਤਾਬਿਕ ਮੰਤਰਾਲੇ ਨੇ ਇਸ ਸਬੰਧ ਵਿੱਚ ਸੂਬਾ ਸਰਕਾਰ ਨੂੰ ਤਿੰਨ ਵੱਖ-ਵੱਖ ਪੱਤਰ ਲਿਖੇ ਨੇ. ਇੱਕ ਪੱਤਰ ਵਿੱਚ, ਮੰਤਰਾਲੇ ਨੇ ਪੰਜਾਬ ਸਰਕਾਰ ਤੋਂ ਇੱਕ ਕਾਰਜਕਰਤਾ ਦੇ ਕਤਲ ਬਾਰੇ ਤੱਥਾਂ ਦੀ ਰਿਪੋਰਟ ਮੰਗੀ ਏ ਜੋ ਕਥਿਤ ਤੌਰ 'ਤੇ ਪੰਜਾਬ ਦੇ ਮਾਨਸਾ ਵਿੱਚ ਨਸ਼ੀਲੇ ਪਦਾਰਥਾਂ ਦੀ ਬੇਤਹਾਸ਼ਾ ਵਿਕਰੀ ਅਤੇ ਦੁਰਵਰਤੋਂ ਵਿਰੁੱਧ ਮੁਹਿੰਮ ਚਲਾ ਰਿਹਾ ਸੀ। ਮੰਤਰਾਲੇ ਨੇ ਪੰਜਾਬ ਸਰਕਾਰ ਨੂੰ ਘਟਨਾ ਦੇ ਵੇਰਵੇ ਅਤੇ

ਮਾਮਲੇ ਵਿੱਚ ਚੁੱਕੇ ਗਏ ਕਦਮਾਂ ਬਾਰੇ ਵੇਰਵੇ ਪ੍ਰਦਾਨ ਕਰਨ ਲਈ ਕਿਹਾ ਏ। ਮੰਤਰਾਲੇ ਨੇ ਕੇਂਦਰੀ ਗ੍ਰਹਿ ਮੰਤਰੀ ਦੇ, ਨਸ਼ੀਲੇ ਪਦਾਰਥਾਂ ‘ਤੇ ਕੰਟਰੋਲ 2026-29 'ਤੇ ਵਿਜ਼ਨ ਦਸਤਾਵੇਜ਼ 'ਤੇ ਪੰਜਾਬ ਸਰਕਾਰ ਵਲੋਂ ਕੀਤੀ ਗਈ ਕਾਰਵਾਈ ਬਾਰੇ ਅਪਡੇਟ ਵੀ ਮੰਗੀ ਏ, ਜੋ ਇਸ ਸਾਲ 10 ਅਗਸਤ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਸਾਂਝਾ ਕੀਤਾ ਗਿਆ ਸੀ। ਇਸ ਦੌਰਾਨ, ਇੱਕ ਹੋਰ ਪੱਤਰ ਵਿੱਚ ਗ੍ਰਹਿ ਮੰਤਰਾਲੇ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਮਾਰੀ ਪਨਵਾਨ ਪਿੰਡ ਵਿੱਚ ਤਿੰਨ ਵਿਅਕਤੀਆਂ 'ਤੇ ਹੋਏ ਹਮਲੇ ਅਤੇ ਨਸ਼ੇ ਦੀ ਲਤ ਨਾਲ ਜੂਝ ਰਹੇ ਇੱਕ ਨੌਜਵਾਨ ਦੇ ਪਿਤਾ ਦੀ ਖੁਦਕੁਸ਼ੀ ਬਾਰੇ ਵੀ ਵੇਰਵੇ ਸਹਿਤ ਰਿਪੋਰਟ ਮੰਗੀ ਏ।

---------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਮਾਲੀ ਸਾਲ ਦੌਰਾਨ ਸੂਬਾ ਸਰਕਾਰ ਵੱਲੋਂ ਕਰੀਬ 9 ਕਰੋੜ 75 ਲਖ ਰੁਪਏ ਦੀ ਲਾਗਤ ਨਾਲ 2 ਕਰੋੜ 45 ਲਖ ਤੋਂ ਵੱਧ ਸੈਨੇਟਰੀ ਪੈਡ ਮੁਫ਼ਤ ਵੰਡੇ ਗਏ ਨਨੇ, ਜਿਸ ਨਾਲ ਪੰਜਾਬ ਭਰ ਦੀਆਂ 13 ਲਖ 65

ਹਜ਼ਾਰ ਤੋਂ ਵੱਧ ਔਰਤਾਂ ਨੂੰ ਲਾਭ ਮਿਲਿਆ ਏ. ਕੈਬਨਿਟ ਮੰਤਰੀ ਨੇ ਕਿਹਾ ਕਿ ਸੁਰੱਖਿਅਤ ਮਾਹਵਾਰੀ ਉਤਪਾਦਾਂ ਤੱਕ ਪਹੁੰਚ ਸਿਰਫ਼ ਸਿਹਤ ਦੀ ਲੋੜ ਹੀ ਨਹੀਂ, ਸਗੋਂ ਔਰਤਾਂ ਦੇ ਸਨਮਾਨ, ਆਤਮ-ਵਿਸ਼ਵਾਸ ਅਤੇ ਸ਼ਕਤੀਕਰਨ ਨਾਲ ਵੀ ਜੁੜਿਆ ਮਾਮਲਾ ਏ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਨਾਲ ਮਾਹਵਾਰੀ ਸਬੰਧੀ ਜਾਗਰੂਕਤਾ ਵਿੱਚ ਵਾਧਾ ਹੋਇਆ ਏ ਅਤੇ ਥੁੜਾਂ ਦਾ ਸਾਹਮਣਾ ਕਰ ਰਹੀਆਂ ਔਰਤਾਂ'ਤੇ ਪੈਣ ਵਾਲਾ ਆਰਥਿਕ ਬੋਝ ਵੀ ਘਟਿਆ ਏ. ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ 'ਨਵੀਂ ਦਿਸ਼ਾ' ਯੋਜਨਾ ਤਹਿਤ ਯੋਗ ਔਰਤਾਂ ਨੂੰ ਸੂਬੇ ਦੇ 27 ਹਜ਼ਾਰ 314 ਆਂਗਣਵਾੜੀ ਕੇਂਦਰਾਂ ਰਾਹੀਂ ਹਰ ਮਹੀਨੇ 9 ਸੈਨੇਟਰੀ ਪੈਡ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਨੇ.

---------------------------------------------------------------------

ਪੰਜਾਬ ਭਰ ਦੇ ਸਰਫੇਸ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਸੁਰੱਖਿਆ ਪ੍ਰਤੀ ਜਾਗਰੂਕਤਾ ਵਧਾਉਣ, ਹੰਗਾਮੀ ਸਥਿਤੀ ਨਾਲ ਨਜਿੱਠਣ ਦੀ ਤਿਆਰੀ ਨੂੰ ਮਜ਼ਬੂਤ ਕਰਨ ਅਤੇ ਸੁਰੱਖਿਆ ਦੇ ਬਿਹਤਰ ਢੰਗ – ਤਰੀਕਿਆਂ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼

ਨਾਲ ਪੱਬਰਾ ਸਰਫੇਸ ਵਾਟਰ ਪ੍ਰੋਜੈਕਟ, , ਪਟਿਆਲਾ ਵਿਖੇ ਕਲੋਰੀਨ ਅਤੇ ਅੱਗ ਤੋਂ ਸੁਰੱਖਿਆ ਸਬੰਧੀ ਐਕਸਪੋਜ਼ਰ ਵਿਜ਼ਿਟ-ਕਮ-ਮੌਕ ਡਰਿੱਲ ਕਰਵਾਈ ਗਈ । ਕਾਰਜਕਾਰੀ ਇੰਜੀਨੀਅਰ ਅਤੇ ਸੀਨੀਅਰ ਵਾਤਾਵਰਣ ਮਾਹਿਰ ਸਰਬਜੀਤ ਸਿੰਘ ਨੇ ਵਾਟਰ ਟ੍ਰੀਟਮੈਂਟ ਪਲਾਂਟਾਂ ਵਿਖੇ ਕੰਮਕਾਜੀ ਸੁਰੱਖਿਆ, ਰੋਕਥਾਮ ਦੇ ਉਪਾਵਾਂ ਅਤੇ ਹੰਗਾਮੀ ਸਥਿਤੀਆਂ ਨਾਲ ਨਜਿੱਠਣ ਲਈ ਅਗਾਊਂ ਤਿਆਰੀ ਦੀ ਮਹੱਤਤਾ ’ਤੇ ਜ਼ੋਰ ਦਿੱਤਾ । ਇਸ ਪ੍ਰੋਗਰਾਮ ਵਿੱਚ ਪੰਜਾਬ ਭਰ ਦੇ ਸਰਫੇਸ ਵਾਟਰ ਪ੍ਰੋਜੈਕਟਾਂ ਨਾਲ ਸੰਬੰਧਿਤ ਉਪ-ਮੰਡਲ ਇੰਜੀਨੀਅਰਾਂ, ਜੂਨੀਅਰ ਇੰਜੀਨੀਅਰਾਂ ਅਤੇ ਪ੍ਰੋਜੈਕਟ ਮੈਨੇਜਰਾਂ ਨੇ ਸ਼ਮੂਲੀਅਤ ਕੀਤੀ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਜ਼ਿਲ੍ਹਾ ਬਰਨਾਲਾ ਦੇ ਮਾਲ ਦਫ਼ਤਰ ਤਪਾ ਵਿਖੇ ਤਾਇਨਾਤ ਪਟਵਾਰੀ ਮਨੀਸ਼ ਕੁਮਾਰ ਨੂੰ 30 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ

ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਜ਼ਿਲ੍ਹਾ ਬਰਨਾਲਾ ਦੀ ਤਹਿਸੀਲ ਤਪਾ ਦੇ ਪਿੰਡ ਭੋਤਨਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪਟਵਾਰੀ ਮਨੀਸ਼ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ 30 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।

---------------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵੱਲੋਂ ਅਪਣੇ 29 ਵੇਂ ਸਥਾਪਨਾ ਦਿਵਸ ‘ਤੇ, ਸਵੈਇੱਛਾ ਨਾਲ ਖ਼ੂਨਦਾਨ ਕਰਨ ਲਈ ਆਮ ਲੋਕਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਮਨੁੱਖੀ ਜਾਨਾਂ ਦੇ ਬਚਾਅ ਖ਼ੂਨਦਾਨ ਦੀ ਮਹੱਹਤਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਇਕ ਖ਼ੂਨਦਾਨ ਕੈਂਪ ਲਾਇਆ. ਇਸ ਮੌਕੇ ਸਟਾਫ਼ ਮੈਂਬਰਾ ਸਮੇਤ 50 ਤੋਂ ਵੱਧ ਵਿਅਕਤੀਆਂ ਨੇ ਖ਼ੂਨਦਾਨ ਕਰਕੇ ਇਸ ਨੇਕ ਕੰਮ ਵਿੱਚ ਆਪਣਾ ਯੋਗਦਾਨ ਪਾਇਆ। ਇਸ ਕੈਂਪ ਦਾ ਉਦਘਾਟਨ

ਕਰਦਿਆਂ ਪੁਸ਼ਪਾ ਗੁਜਰਾਲ ਸਾਇੰਸ,ਸਿਟੀ ਦੇ ਡਾਇਰੈਕਟਰ ਡਾ.ਰਾਜੇਸ਼ ਗਰੋਵਰ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਵਿੱਚ ਖ਼ੂਨਦਾਨ ਇਕ ਮਹਦਾਨ ਏ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਦਿੱਤਾ ਗਿਆ ਖ਼ੂਨ ਹਾਦਸੇ ਦੇ ਸ਼ਿਕਾਰ ਲੋਕਾਂ, ਇਲਾਜ ਦੌਰਾਨ ਆਪ੍ਰੇਸ਼ਨ ਕਰਵਾਉਣ ਵਾਲਿਆ ਅਤੇ ਬੱਚੇ ਨੂੰ ਜਨਮ ਦੇਣ ਵਾਲੀਆਂ ਮਾਵਾਂ ਦੀਆਂ ਲੋੜਾਂ ਨੂੰ ਪੂਰਾ ਕਰਦਾ ਇਕ ਵਰਦਾਨ ਸਾਬਿਤ ਹੁੰਦਾ ਏ। ਉਨ੍ਹਾਂ ਹਰੇਕ ਸਰਮੱਥ ਵਿਅਕਤੀ ਨੂੰ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਕੀਮਤੀ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਖ਼ੂਨਦਾਨ ਨਾਲ ਦਇਆ, ਦੂਜਿਆਂ ਦੀ ਦੇਖਭਾਲ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਵਰਗੇ ਚੰਗੇ ਗੁਣਾਂ ਨੂੰ ਹੂੰਗਾਰਾ ਮਿਲਦਾ ਏ। ਇਸ ਮੌਕੇ ਖ਼ੂਨ ਦਾਨੀਆਂ ਦਾ ਧੰਨਵਾਦ ਕਰਦਿਆਂ ਸਾਇੰਸ ਸਿਟੀ ਦੇ ਡਿਪਟੀ ਡਾਇਰੈਕਟਰ ਡਾ. ਮੋਨੀਸ਼ ਸੋਇਨ ਨੇ ਲਗਾਤਾਰ ਰੁਟੀਨ ਵਿੱਚ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਦਿਆਂ ਸਿਹਤਮੰਦ ਜੀਵਨ ਜਾਚ ਨੂੰ ਆਪਉਣ ਦੀ ਲੋੜ ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਖ਼ੂਨਦਾਨ ਸਮਾਜ ਵਾਸਤੇ ਅਹਿਮ ਏ ਤੁਹਾਡਾ ਵੱਲੋਂ ਦਿੱਤਾ ਗਿਆ

ਖ਼ੂਨ ਲੋੜਵੰਦਾਂ ਦੀਆਂ ਜਾਨਾਂ ਬਚਾਉਣ ਲਈ ਬਹੁਤ ਮਦਦਗਾਰ ਸਾਬਿਤ ਹੁੰਦਾ ਏ. ਇਹ ਕੈਂਪ ਸਿਵਲ ਹਸਪਤਾਲ, ਕਪੂਰਥਲਾ ਦੇ ਡਾਕਟਰਾਂ ਅਤੇ ਮੈਡੀਕਲ ਮਾਹਿਰਾਂ ਦੀ ਟੀਮ ਦੇ ਸਹਿਯੋਗ ਨਾਲ ਲਾਇਆ ਗਿਆ। ਮੈਡੀਕਲ ਟੀਮ ਨੇ ਖ਼ੂਨਦਾਨ ਦੀ ਪ੍ਰਕਿਰਿਆ ਦੌਰਾਨ ਸਾਰੀਆਂ ਜ਼ਰੂਰੀ ਸਾਵਧਾਨੀਆਂ ਅਤੇ ਇਸ ਮੌਕੇ ਸੁਰੱਖਿਆ ਨੇਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ।

---------------------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਵੈਸਟਇੰਡੀਜ਼ ਅਤੇ ਭਾਰਤ ਦਰਮਿਆਨ ਫੈਸਲਾਕੁੰਨ ਪੰਜਵਾਂ ਅਤੇ ਆਖਰੀ twenty-20 ਅੰਤਰਰਾਸ਼ਟਰੀ ਮੈਚ ਸ਼ਾਮ ਨੂੰ ਬੈਂਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿਖੇ ਖੇਡਿਆ ਜਾਏਗਾ. ਪੰਜ ਮੈਚਾਂ ਦੀ ਲੜੀ ਦੋ-ਦੋ ਨਾਲ ਬਰਾਬਰੀ 'ਤੇ ਏ । ਅੱਜ ਦਾ ਮੈਚ ਭਾਰਤੀ ਸਮੇਂ ਮੁਤਾਬਿਕ ਸ਼ਾਮ 7 ਵਜੇ ਸ਼ੁਰੂ ਹੋਣਾ ਏ ।